ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫ਼ਤਹਿਗੜ੍ਹ ਸਾਹਿਬ

ਕਿਸਾਨਾਂ ਨੂੰ ਝੋਨੇ ਦੀ ਸਿੱਧੀ ਬਿਜਾਈ ਲਈ ਪ੍ਰੇਰਿਆ
ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਨੇ ਝੋਨੇ ਦੀ ਸਿੱਧੀ ਬਿਜਾਈ ਲਈ ਵੱਖ ਵੱਖ ਪਿੰਡਾਂ ਵਿੱਚ ਲਗਾਏ ਜਾਗਰੂਕਤਾ ਕੈਂਪ
ਕਿਸਾਨਾਂ ਨੂੰ ਪੈਡੀ ਟਰਾਂਸਪਲਾਂਟਰ ਮਸ਼ੀਨ ਨਾਲ ਝੋਨਾ ਲਾਉਣ ਸਬੰਧੀ ਦਿੱਤੀ ਤਕਨੀਕੀ ਜਾਣਕਾਰੀ
ਪਿੰਡ ਨੰਦਪੁਰ ਕਲੌੜ ਦੇ ਅਗਾਂਹਵਧੂ ਕਿਸਾਨ ਵੱਲੋਂ ਤਿਆਰ ਕੀਤੀ ਜ਼ੀਰੋ ਟਿੱਲ ਡਰਿੱਲ ਤੇ ਝੋਨੇ ਦੀ ਸਿੱਧੀ ਬਿਜਾਈ ਸਬੰਧੀ ਤਿਆਰ ਕੀਤੀ ਮਸ਼ੀਨ ਦੀ ਕਿਸਾਨਾਂ ਨੇ ਕੀਤੀ ਸ਼ਲਾਘਾ
ਕਿਸਾਨਾਂ ਨੂੰ ਕੋਰੋਨਾ ਤੋਂ ਬਚਾਅ ਸਬੰਧੀ ਸਿਹਤ ਵਿਭਾਗ ਵੱਲੋਂ ਦੱਸੀਆਂ ਸਾਵਧਾਨੀਆਂ ਵਰਤਣ ਲਈ ਪ੍ਰੇਰਿਆ

ਫ਼ਤਹਿਗੜ੍ਹ ਸਾਹਿਬ, 19 ਮਈ
ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ, ਪੰਜਾਬ ਵੱਲੋਂ ਸਾਉਣੀ ਦੀਆਂ ਫ਼ਸਲਾਂ ਸਬੰਧੀ ਜ਼ਿਲ੍ਹੇ ਦੇ ਵੱਖ ਵੱਖ ਪਿੰਡਾਂ ਵਿੱਚ ਜਾਗਰੂਕਤਾ ਕੈਂਪ ਲਗਾਏ ਗਏ ਤੇ ਗੋਸ਼ਟੀਆਂ ਕਰਵਾਈਆਂ ਗਈਆਂ। ਇਨ੍ਹਾਂ ਕੈਂਪਾਂ ਵਿੱਚ ਕਿਸਾਨਾਂ ਨੂੰ ਝੋਨੇ ਦੀ ਸਿੱਧੀ ਬਿਜਾਈ, ਮੱਕੀ ਅਤੇ ਹਰੇ ਚਾਰੇ ਦੀ ਮਹੱਤਤਾ, ਨਰਮੇ ਦੀ ਬਿਜਾਈ ਅਤੇ ਪੈਡੀ ਟਰਾਂਸਪਲਾਟਰ ਮਸ਼ੀਨ ਨਾਲ ਝੋਨਾ ਲਾਉਣ ਸਬੰਧੀ ਤਕਨੀਕੀ ਜਾਣਕਾਰੀ ਦਿੱਤੀ ਗਈ।
ਇਹ ਜਾਣਕਾਰੀ ਦਿੰਦਿਆਂ ਮੁੱਖ ਖੇਤੀਬਾੜੀ ਅਫਸਰ ਡਾ. ਇੰਦਰਪਾਲ ਸਿੰਘ ਸੰਧੂ ਨੇ ਦੱਸਿਆ ਕਿ ਵੱਖ-ਵੱਖ ਪਿੰਡਾਂ ਵਿੱਚ ਲਗਾਏ ਇਨ੍ਹਾਂ ਕੈਪਾਂ ਵਿੱਚੋਂ ਪਿੰਡ ਰਾਮਪੁਰ ਬਲਾਕ ਖੇੜਾ ਵਿਖੇ ਡਾ. ਹਰਸੰਗੀਤ ਸਿੰਘ ਖੇਤੀਬਾੜੀ ਅਫਸਰ ਖੇੜਾ ਨੇ ਕਿਸਾਨਾਂ ਨੂੰ ਝੋਨੇ ਦੀ ਸਿੱਧੀ ਬਿਜਾਈ ਕਰਨ ਦੇ ਨੁਕਤੇ ਦੱਸੇ। ਉਨ੍ਹਾਂ ਦੱਸਿਆ ਕਿ ਸਭ ਤੋਂ ਪਹਿਲਾਂ ਲੇਜਰ ਕਰਾਹੇ ਦੀ ਵਰਤੋਂ ਨਾਲ ਖੇਤ ਨੂੰ ਪੱਧਰਾ ਕਰਨਾ ਬਹੁਤ ਜ਼ਰੂਰੀ ਹੈ ਅਤੇ ਖੇਤ ਨੂੰ ਪੱਧਰਾ ਕਰਨ ਤੋਂ ਬਾਅਦ ਖੇਤ ਨੂੰ ਰੌਣੀ ਕਰਨੀ ਚਾਹੀਦੀ ਹੈ। ਉਨ੍ਹਾਂ ਹੋਰ ਦੱਸਿਆ ਕਿ ਜਦੋਂ ਖੇਤ ਤਰ-ਵੱਤਰ ਹਾਲਤ ਵਿੱਚ ਆ ਜਾਵੇ ਤਾਂ ਦੋ ਵਾਰੀ ਹਲਾਂ ਨਾਲ ਵਾਹੁਣ ਤੋਂ ਬਾਅਦ ਤੇ ਦੋ ਵਾਰ ਸੁਹਾਗਾ ਫੇਰ ਕੇ ਬਿਜਾਈ ਕਰ ਦੇਣੀ ਚਾਹੀਦੀ ਹੈ। ਬਿਜਾਈ ਦੇ ਤੁਰੰਤ ਬਾਅਦ ਨਦੀਨ ਨਾਸ਼ਕ ਦਵਾਈ ਦੀ ਸਪਰੇਅ ਕਰਨੀ ਚਾਹੀਦੀ ਹੈ।
ਪਿੰਡ ਕਲੌਂਦੀ ਬਲਾਕ ਬਸੀ ਪਠਾਣਾਂ ਵਿਖੇ ਖੇਤੀਬਾੜੀ ਅਫਸਰ ਡਾ. ਕੁਲਵਿੰਦਰ ਸਿੰਘ ਨੇ ਦੱਸਿਆ ਕਿ ਮੱਕੀ ਸਭ ਤੋਂ ਪੌਸ਼ਟਿਕ ਹਰੇ ਚਾਰੇ ਵਿੱਚੋਂ ਇੱਕ ਹੈ ਤੇ ਪਸ਼ੂਆਂ ਦੀ ਗਿਣਤੀ ਦੇ ਹਿਸਾਬ ਨਾਲ ਹਰੇ ਚਾਰੇ ਹੇਠ ਰਕਬਾ ਦੁੱਗਣਾ ਕਰਨਾ ਚਾਹੀਦਾ ਹੈ। ਡਾ. ਇੰਦਰਪਾਲ ਸਿੰਘ ਸੰਧੂ ਨੇ ਦੱਸਿਆ ਕਿ ਪਿੰਡਾਂ ਵਿੱਚ ਲਗਾਏ ਜਾਗਰੂਕਤਾ ਕੈਂਪਾਂ ਤੇ ਗੋਸ਼ਟੀਆਂ ਦਾ ਵਿਸ਼ੇਸ ਪੱਖ ਇਹ ਸੀ ਕਿ ਪਿੰਡ ਨੰਦਪੁਰ ਕਲੌੜ ਬਸੀ ਪਠਾਣਾਂ ਦੇ ਅਗਾਂਹਵਧੂ ਕਿਸਾਨ ਜਸਪਾਲ ਸਿੰਘ ਦੇ ਖੇਤ ਵਿੱਚ ਪ੍ਰਦਰਸ਼ਨੀ ਵੀ ਲਗਾਈ ਗਈ, ਜਿਸ ਵਿੱਚ ਕਿਸਾਨ ਨੇ ਖੁਦ ਜ਼ੀਰੋ ਟਿੱਲ ਡਰਿੱਲ ਮਸ਼ੀਨ ਵਿੱਚ ਤਬਦੀਲੀ ਕਰ ਕੇ ਝੋਨੇ ਦੀ ਸਿੱਧੀ ਬਿਜਾਈ ਦੀ ਮਸ਼ੀਨ ਤਿਆਰ ਕੀਤੀ ਹੈ, ਜਿਸ ਉਪਰ ਸਪਰੇਅ ਪੰਪ ਵੀ ਫਿੱਟ ਕੀਤਾ ਹੋਇਆ ਹੈ। ਝੋਨੇ ਦੀ ਸਿੱਧੀ ਬਿਜਾਈ ਦੀ ਨਵੀਂ ਮਸ਼ੀਨ ਜਿਸ ਉਪਰ ਸਪਰੇਅ ਪੰਪ ਵੀ ਲੱਗਾ ਹੋਵੇ ਦੀ ਕੀਮਤ 01 ਲੱਖ 25 ਹਜ਼ਾਰ ਰੁਪਏ ਹੈ, ਪ੍ਰੰਤੂ ਇਸ ਕਿਸਾਨ ਨੇ ਆਪਣੀ ਜੀਰੋ ਟਿੱਲ ਡਰਿੱਲ ਮਸ਼ੀਨ ਉਪਰ 10 ਹਜਾਰ ਤੋਂ 12 ਹਜ਼ਾਰ ਰੁਪਏ ਖਰਚ ਕਰ ਕੇ ਝੋਨੇ ਦੀ ਸਿੱਧੀ ਬਿਜਾਈ ਦੀ ਮਸ਼ੀਨ ਸਣੇ ਸਪਰੇਅ ਪੰਪ ਤਿਆਰ ਕਰ ਲਈ ਹੈ, ਜਿਸ ਦੀ ਲਾਈਵ ਪ੍ਰਦਰਸ਼ਨੀ ਇਸ ਕਿਸਾਨ ਦੇ ਖੇਤ ਵਿੱਚ ਕੀਤੀ ਗਈ ਜੋ ਕਿ ਬਹੁਤ ਹੀ ਸਫਲ ਰਹੀ। ਇਸ ਪ੍ਰਦਰਸ਼ਨੀ ਮੌਕੇ ਮੇਵਾ ਸਿੰਘ ਸਹਾਇਕ ਖੇਤੀਬਾੜੀ ਇੰਜੀਨੀਅਰ, ਜਤਿੰਦਰ ਸਿੰਘ ਡਿਪਟੀ ਪ੍ਰੋਜੈਕਟ ਡਾਇਰੈਕਟਰ ਆਤਮਾ, ਸ੍ਰੀ ਦਵਿੰਦਰ ਸਿੰਘ ਜੂਨੀਅਰ ਤਕਨੀਸ਼ੀਅਨ ਅਤੇ ਪਿੰਡਾਂ ਦੇ ਮੋਹਤਬਰ ਕਿਸਾਨ ਮੌਜੂਦ ਸਨ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫ਼ਤਹਿਗੜ੍ਹ ਸਾਹਿਬ

ਅਨੁਸੂਚਿਤ ਜਾਤੀਆਂ ਦੇ ਗਰੀਬ ਲੋਕਾਂ ਨੂੰ ਕਰਜ਼ਿਆਂ ਸਬੰਧੀ 140.40 ਲੱਖ ਦੀ ਸਬਸਿਵਡੀ ਜਾਰੀ

ਪੰਜਾਬ ਅਨੁਸੂਚਿਤ ਜਾਤੀਆਂ ਭੌਂ ਵਿਕਾਸ ਅਤੇ ਵਿੱਤ ਕਾਰਪੋਰੇਸ਼ਨ ਦੀ ਪਹਿਲ ਕਦਮੀ

ਲੋਕਡਾਊਨ ਕਾਰਨ ਰੁਕੀ ਕਰਜ਼ਿਆਂ ਦੀ ਰਹਿੰਦੀ ਰਕਮ 323.91 ਲੱਖ ਵੰਡਣ ਦੀ ਕਾਰਵਾਈ ਸ਼ੁਰੂ

ਫ਼ਤਹਿਗੜ੍ਹ ਸਾਹਿਬ, 19 ਮਈ :

ਪੰਜਾਬ ਅਨੁਸੂਚਿਤ ਜਾਤੀਆਂ ਭੌਂ ਵਿਕਾਸ ਅਤੇ ਵਿੱਤ ਕਾਰਪੋਰੇਸ਼ਨ ਨੇ ਅਨੁਸੂਚਿਤ ਜਾਤੀਆਂ ਦੇ ਗਰੀਬ ਲੋਕਾਂ ਨੂੰ ਕੋਵਿਡ-19 ਦੀ ਮਹਾਂਮਾਰੀ ਤੋਂ ਉਭਾਰਨ ਲਈ ਕਰਜ਼ਿਆਂ ਸਬੰਧੀ 140.40 ਲੱਖ ਦੀ ਸਬਸਿਡੀ ਜਾਰੀ ਕੀਤੀ ਹੈ। ਇਸ ਬਾਰੇ ਅੱਜ ਇਥੇ ਜਾਰੀ ਕੀਤੇ ਇੱਕ ਪ੍ਰੈਸ ਬਿਆਨ ਵਿੱਚ ਕਾਰਪੋਰੇਸ਼ਨ ਦੇ ਚੇਅਰਮੈਨ ਇੰਜ: ਮੋਹਨ ਲਾਲ ਸੂਦ ਨੇ ਦੱਸਿਆ ਕਿ ਕੋਰੋਨਾ ਵਾਇਰਸ ਦੀ ਮਹਾਂਮਾਰੀ ਦੌਰਾਨ ਸਾਰੇ ਸੰਸਾਰ ਵਿੱਚ ਆਰਥਿਕ ਤੌਰ 'ਤੇ ਬਹੁਤ ਹੀ ਨਕਾਰਾਤਮਕ ਪ੍ਰਭਾਵ ਪਿਆ ਹੈ, ਜਿਸ ਕਾਰਨ ਬਹੁਤ ਸਾਰੇ ਲੋਕਾਂ ਦੇ ਰੋਜ਼ਗਾਰ ਖੁਸ ਗਏ ਅਤੇ ਗਰੀਬ ਪਰਿਵਾਰਾਂ 'ਤੇ ਬਹੁਤ ਹੀ ਮਾੜਾ ਪ੍ਰਭਾਵ ਪਿਆ ਹੈ। ਪਰ ਪੰਜਾਬ ਦੇ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਵੱਲੋਂ ਪ੍ਰਾਪਤ ਦਿਸ਼ਾ ਨਿਰਦੇਸ਼ਾਂ 'ਤੇ ਕਾਰਵਾਈ ਕਰਦਿਆਂ ਅਨੁਸੂਚਿਤ ਜਾਤੀਆਂ ਦੇ ਗਰੀਬ ਪਰਿਵਾਰਾਂ ਨੂੰ ਆਪੋ ਆਪਣਾ ਕਾਰੋਬਾਰ ਸ਼ੁਰੂ ਕਰਨ ਲਈ ਲੱਗਭਗ ਅੱਠ ਤੋਂ ਨੌਂ ਕਰੋੜ ਰੁਪਏ ਦਾ ਕਰਜ਼ਾ ਬੈਂਕਾਂ ਦੁਆਰਾ ਪ੍ਰਾਪਤ ਹੋ ਜਾਵੇਗਾ।
ਸ਼੍ਰੀ ਸੂਦ ਨੇ ਕਿਹਾ ਕਿ ਕਾਰਪੋਰੇਸ਼ਨ ਦੀ ਇਹ ਪਹਿਲਕਦਮੀ ਮਹਾਂਮਾਰੀ ਦੇ ਇਸ ਸਮੇਂ ਵਿੱਚ ਇੱਕ ਬਹੁਤ ਵੱਡੀ ਰਾਹਤ ਦੇਣ ਵਾਲੀ ਕਾਰਵਾਈ ਹੈ। ਇੰਜ: ਮੋਹਨ ਲਾਲ ਸੂਦ ਨੇ ਇਹ ਵੀ ਦੱਸਿਆ ਕਿ ਇਸ ਤੋਂ ਇਲਾਵਾ ਕਾਰਪੋਰੇਸ਼ਨ ਵੱਲੋਂ ਆਪਣੀਆਂ ਹੋਰ ਸਕੀਮਾਂ ਅਧੀਨ ਵੀ ਸਾਲ 2019-20 ਦੌਰਾਨ 1235.24 ਲੱਖ ਰੁਪਏ ਦੇ ਕਰਜ਼ੇ ਮਨਜ਼ੂਰ ਕੀਤੇ ਗਏ ਸਨ, ਜਿਨ੍ਹਾਂ ਵਿੱਚੋਂ 911.33 ਲੱਖ ਰੁਪਏ ਦੇ ਕਰਜੇ ਸਬੰਧਤ ਲਾਭਪਾਤਰੀਆਂ ਨੂੰ ਵੰਡੇ ਜਾ ਚੁੱਕੇ ਹਨ। ਉਨ੍ਹਾਂ ਕਿਹਾ ਕਿ ਮਾਰਚ ਮਹੀਨੇ ਵਿੱਚ ਕੋਰੋਨਾ ਵਾਇਰਸ ਕਾਰਨ ਲੱਗੇ ਲੌਕਡਾਊਨ ਤੇ ਕਰਫਿਊ ਕਾਰਨ ਜਿਹੜੇ ਕਰਜ਼ੇ ਵੰਡਣ ਤੋਂ ਰਹਿ ਗਏ ਸਨ, ਹੁਣ ਜਲਦੀ ਹੀ ਵੰਡੇ ਜਾਣਗੇ। ਉਨ੍ਹਾਂ ਕਿਹਾ ਕਿ ਕਾਰਪੋਰੇਸ਼ਨ ਵੱਲੋਂ ਜਲਦੀ ਹੀ ਬਾਕੀ ਰਹਿੰਦੇ 323.91 ਲੱਖ ਰੁਪਏ ਦੇ ਕਰਜ਼ਿਆਂ ਦੀ ਅਦਾਇਗੀ ਕਰਨ ਦੀ ਕਾਰਵਾਈ ਸ਼ੁਰੂ ਕਰ ਦਿੱਤੀ ਜਾਵੇਗੀ। ਚੇਅਰਮੈਨ ਵੱਲੋਂ ਕਾਰਪੋਰੇਸ਼ਨ ਦੇ ਸਮੂਹ ਅਧਿਕਾਰੀਆਂ ਅਤੇ ਕਰਮਚਾਰੀਆਂ ਵੱਲੋਂ ਮਿਹਨਤ ਤੇ ਲਗਨ ਨਾਲ ਕੰਮ ਕਰਨ ਦੀ ਵੀ ਸਰਾਹਨਾ ਕੀਤੀ ਜਿਸ ਕਾਰਨ ਕੋਰੋਨਾ ਦੀ ਮਹਾਂਮਾਰੀ ਦੇ ਦੌਰਾਨ ਵੀ ਕਾਰਪੋਰੇਸ਼ਨ ਦੇ ਸਮੁੱਚੇ ਸਟਾਫ ਵੱਲੋਂ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਬਿਮਾਰੀ ਤੋਂ ਇਹਤਿਆਦ ਵਰਤਦੇ ਹੋਏ ਔਖੇ ਸਮੇਂ ਵਿੱਚ ਵੀ ਕੋਰੋਨਾ ਯੋਧਿਆਂ ਵਾਂਗ ਕੰਮ ਕੀਤਾ ਗਿਆ ਤੇ ਆਪਣੀ ਇੱਕ ਦਿਨ ਦੀ ਤਨਖਾਹ ਵੀ ਮੁੱਖ ਮੰਤਰੀ ਫੰਡ ਵਿੱਚ ਦਿੱਤੀ ਗਈ।
ਕੈਪਸ਼ਨ: ਕਰਜ਼ਿਆਂ ਸਬੰਧੀ ਸਬਸਿਡੀ ਬਾਰੇ ਜਾਣਕਾਰੀ ਦਿੰਦੇ ਹੋਏ ਪੰਜਾਬ ਅਨੁਸੂਚਿਤ ਜਾਤੀਆਂ ਭੌਂ ਵਿਕਾਸ ਅਤੇ ਵਿੱਤ ਕਾਰਪੋਰੇਸ਼ਨ ਦੇ ਚੇਅਰਮੈਨ ਇੰਜ: ਮੋਹਨ ਲਾਲ ਸੂਦ।

ਜ਼ਿਲ੍ਹਾ ਲੋਕ ਸੰਪਰਕ ਦਫ਼ਤਰ, ਫ਼ਤਹਿਗੜ੍ਹ ਸਾਹਿਬ

ਪਰਵਾਸੀਆਂ ਨੂੰ ਵਿਸ਼ੇਸ਼ ਬੱਸਾਂ ਰਾਹੀਂ ਜਲੰਧਰ ਤੇ ਐਸ.ਏ.ਐਸ.ਨਗਰ ਦੇ ਰੇਲਵੇ ਸਟੇਸ਼ਨ ਭੇਜਿਆ

ਜਲੰਧਰ ਤੇ ਐਸ.ਏ.ਐਸ.ਨਗਰ ਦੇ ਰੇਲਵੇ ਸਟੇਸ਼ਨਾਂ ਤੋਂ ਕੇਰਲਾ ਤੇ ਬਿਹਾਰ ਜਾਣਗੇ ਪਰਵਾਸੀ

ਪਰਵਾਸੀਆਂ ਵੱਲੋਂ ਪੰਜਾਬ ਸਰਕਾਰ ਦਾ ਧੰਨਵਾਦ

ਫ਼ਤਹਿਗੜ੍ਹ ਸਾਹਿਬ, 19 ਮਈ

ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਪਰਵਾਸੀਆਂ ਨੂੰ ਉਨ੍ਹਾਂ ਦੀ ਇੱਛਾ ਮੁਤਾਬਕ ਉਨ੍ਹਾਂ ਦੇ ਜੱਦੀ ਸੂਬਿਆਂ ਵਿੱਚ ਮੁਫ਼ਤ ਭੇਜਣ ਲਈ ਕੀਤੇ ਜਾ ਰਹੇ ਅਣਥੱਕ ਯਤਨਾਂ ਤਹਿਤ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਤੋਂ ਵਿਸ਼ੇਸ਼ ਬੱਸ 12 ਪਰਵਾਸੀਆਂ ਨੂੰ ਲੈ ਕੇ ਜਲੰਧਰ ਰੇਲਵੇ ਸਟੇਸ਼ਨ ਲਈ ਰਵਾਨਾ ਹੋਇਆ, ਜਿਥੋਂ ਇਹ ਪਰਵਾਸੀ ਕੇਰਲਾ ਤੇ ਤਾਮਿਲਨਾਡੂ ਜਾਣਗੇ। ਇਸੇ ਤਰ੍ਹਾਂ ਮਾਤਾ ਗੁਜਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਤੋਂ 14 ਬੱਸਾਂ ਕਰੀਬ 500 ਪਰਵਾਸੀਆਂ ਨੂੰ ਲੈ ਕੇ ਐਸ.ਏ.ਐਸ. ਨਗਰ ਰੇਲਵੇ ਸਟੇਸ਼ਨ ਲਈ ਰਵਾਨਾ ਹੋਈਆਂ, ਜਿੱਥੋਂ ਇਹ ਪਰਵਾਸੀ ਬਿਹਾਰ ਰਵਾਨਾ ਹੋਣਗੇ।

ਇਸ ਸਬੰਧੀ ਗੱਲਬਾਤ ਕਰਦਿਆਂ ਡਿਪਟੀ ਕਮਿਸ਼ਨਰ ਸ੍ਰੀਮਤੀ ਅੰਮ੍ਰਿਤ ਕੌਰ ਗਿੱਲ ਨੇ ਦੱਸਿਆ ਕਿ ਤੈਅ ਪ੍ਰਕਿਰਿਆ ਤਹਿਤ ਰਜਿਸਟਰੇਸ਼ਨ ਉਪਰੰਤ ਮੈਡੀਕਲ ਸਕਰੀਨਿੰਗ ਮੁਕੰਮਲ ਹੋਣ 'ਤੇ ਵਿਸ਼ੇਸ਼ ਬੱਸਾਂ ਰਾਹੀਂ ਪਰਵਾਸੀਆਂ ਨੂੰ ਉਨ੍ਹਾਂ ਦੇ ਸੂਬੇ ਨੂੰ ਭੇਜਿਆ ਗਿਆ ਹੈ ਤੇ ਕਿਸੇ ਵੀ ਯਾਤਰੀ ਨੂੰ ਕਿਸੇ ਕਿਸਮ ਦੀ ਦਿੱਕਤ ਨਹੀਂ ਆਉਣ ਦਿੱਤੀ ਗਈ। ਇਸ ਮੌਕੇ ਯਾਤਰੀਆਂ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਉਨ੍ਹਾਂ ਦੇ ਵਾਪਸੀ ਲਈ ਜੋ ਉਪਰਾਲਾ ਕੀਤਾ ਹੈ, ਉਹ ਉਸ ਲਈ ਪੰਜਾਬ ਸਰਕਾਰ ਦੇ ਧੰਨਵਾਦੀ ਹਨ। ਜ਼ਿਲ੍ਹਾ ਪ੍ਰਬੰਧਕੀ ਕੰਪਲਕੈਸ ਤੋਂ ਬੱਸ ਨੂੰ ਰਵਾਨਾ ਕਰਨ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਜਸਪ੍ਰੀਤ ਸਿੰਘ, ਸਹਾਇਕ ਕਮਿਸ਼ਨਰ (ਜਨਰਲ) ਜਸਪ੍ਰੀਤ ਸਿੰਘ, ਪੀ.ਸੀ.ਐਸ. ਅਧਿਕਾਰੀ (ਅੰਡਰ ਟਰੇਨਿੰਗ) ਰਵਿੰਦਰ ਸਿੰਘ ਹਾਜ਼ਰ ਸਨ।

ਇਸ ਮੌਕੇ ਐਸ.ਡੀ.ਐਮ. ਫ਼ਤਹਿਗੜ੍ਹ ਸਾਹਿਬ ਡਾ. ਸੰਜੀਵ ਕੁਮਾਰ ਨੇ ਕਿਹਾ ਕਿ ਮਾਤਾ ਗੁਜਰੀ ਸੀਨੀਅਰ ਸੈਕੰਡਰੀ ਸਕੂਲ ਤੋਂ ਪਰਵਾਸੀਆਂ ਨੂੰ ਵਿਸ਼ੇਸ਼ ਬੱਸਾਂ ਰਾਹੀਂ ਰਵਾਨਾ ਕਰਨ ਸਬੰਧੀ ਤਹਿਸੀਲਦਾਰ ਗੁਰਜਿੰਦਰ ਸਿੰਘ ਨੇ ਅਹਿਮ ਭੂਮਿਕਾ ਨਿਭਾਈ।

ਕੈਪਸ਼ਨ: ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਤੋਂ ਵਿਸ਼ੇਸ਼ ਬੱਸ ਨੂੰ ਰਵਾਨਾ ਕੀਤੇ ਜਾਣ ਦਾ ਦ੍ਰਿਸ਼।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫ਼ਤਹਿਗੜ੍ਹ ਸਾਹਿਬ

ਕੋਵਿਡ-19 ਨੂੰ ਫੈਲਣ ਤੋਂ ਰੋਕਣ ਲਈ ਲਾਏ ਕਰਫਿਊ ਦੌਰਾਨ ਮਾਰਕਫੈੱਡ ਤੇ ਸਹਿਕਾਰੀ ਸਭਾਵਾਂ ਵੱਲੋਂ ਲੋਕਾਂ ਨੂੰ 63 ਲੱਖ ਤੋਂ ਵੱਧ ਦਾ ਸਮਾਨ ਮੁਹੱਈਆ ਕਰਵਾਇਆ

ਘਰ ਘਰ ਪੁਚਾਈਆਂ ਗਈਆਂ ਮਿਆਰੀ ਵਸਤਾਂ

ਫ਼ਤਹਿਗੜ੍ਹ ਸਾਹਿਬ, 19 ਮਈ

ਕੋਵਿਡ-19 ਕਾਰਨ ਪੈਦਾ ਹੋਏ ਹਾਲਾਤ ਦੇ ਮੱਦੇਨਜ਼ਰ ਮਾਰਕਫੈੱਡ ਅਤੇ ਸਹਿਕਾਰੀ ਸਭਾਵਾਂ ਵੱਲੋਂ ਲੋਕਾਂ ਦੇ ਘਰਾਂ ਤੱਕ ਉਚ ਮਿਆਰ ਦਾ ਸਮਾਨ ਪਹੁੰਚਾਇਆ ਗਿਆ।ਇਸ ਗੱਲ ਦੀ ਜਾਣਕਾਰੀ ਦਿੰਦਿਆਂ ਮਾਰਕਫੈਡ ਦੇ ਜ਼ਿਲ੍ਹਾ ਮੈਨੇਜਰ ਸ਼੍ਰੀ ਬੂਟਾ ਸਿੰਘ ਨੇ ਦੱਸਿਆ ਕਿ ਕੋਰੋਨਾ ਕਰ ਕੇ ਲਗਾਏ ਗਏ ਕਰਫਿਊ ਦੌਰਾਨ ਜਦੋਂ ਸਾਰੇ ਬਾਜ਼ਾਰ ਬੰਦ ਸਨ ਤਾਂ ਸਹਿਕਾਰੀ ਸਭਾਵਾਂ ਅਤੇ ਮਾਰਕਫੈਡ ਵੱਲੋਂ ਪਿੰਡਾਂ ਤੇ ਸ਼ਹਿਰਾਂ ਨੇ ਲੋਕਾਂ ਨੂੰ ਤਕਰੀਬਨ 63 ਲੱਖ ਰੁਪਏ ਦਾ ਰੋਜ਼ਾਨਾਂ ਵਰਤੋਂ ਦਾ ਸਮਾਨ ਜਿਵੇਂ ਕਿ ਖਾਣ ਦੀਆਂ ਵਸਤਾਂ ਅਤੇ ਕੈਟਲਫੀਡ ਘਰ-ਘਰ ਜਾ ਕੇ ਮੁਹੱਈਆ ਕਰਵਾਈ ਗਈ।

ਬੂਟਾ ਸਿੰਘ ਨੇ ਦੱਸਿਆ ਕਿ ਰੋਜ਼ਾਨਾ ਵਰਤੋਂ ਦਾ ਸਮਾਨ ਲੋਕਾਂ ਤੱਕ ਪੁੱਜਦਾ ਕਰਨ ਵਿੱਚ ਇਸ ਗੱਲ ਦਾ ਵਿਸ਼ੇਸ਼ ਧਿਆਨ ਰੱਖਿਆ ਗਿਆ ਕਿ ਲੋਕਾਂ ਨੂੰ ਇਸ ਸਬੰਧੀ ਕੋਈ ਦਿੱਕਤ ਨਾ ਆਵੇ ਅਤੇ ਕਾਲਾ ਬਾਜ਼ਾਰੀ ਵੀ ਨਾ ਹੋਵੇ। ਉਨ੍ਹਾਂ ਇਹ ਵੀ ਦੱਸਿਆ ਕਿ ਕੋਰੋਨਾ ਮਹਾਂਮਾਰੀ ਦੇ ਸੰਕਟ ਸਮੇਂ ਜ਼ਿਲ੍ਹੇ ਅੰਦਰਲੀਆਂ ਖੇਤੀਬਾੜੀ ਬਹੁਮੰਤਵੀ ਸਹਿਕਾਰੀ ਸਭਾਵਾਂ ਨੂੰ ਮਾਰਕਫੈੱਡ ਦੀਆਂ ਦੀਆਂ ਵਸਤਾਂ ਦੇ ਨਾਲ-ਨਾਲ ਲਗਾਤਾਰ ਖਾਦ ਦੀ ਸਪਲਾਈ ਵੀ ਕੀਤੀ ਗਈ ਤਾਂ ਜੋ ਖਾਣਯੋਗ ਸਮਾਨ ਦੇ ਨਾਲ ਨਾਲ ਪਸ਼ੂਆਂ ਲਈ ਮਿਆਰੀ ਖੁਰਾਕ ਤੇ ਖੇਤਾਂ ਲਈ ਖਾਦ ਸਬੰਧੀ ਕਿਸੇ ਕਿਸਮ ਦੀ ਦਿੱਕਤ ਪੇਸ਼ ਨਾ ਆਵੇ।

ਕੈਪਸ਼ਨ: ਲੋਕਾਂ ਦੇ ਘਰਾਂ ਤੱਕ ਰੋਜ਼ਾਨਾ ਦੀ ਵਰਤੋਂ ਦਾ ਸਮਾਨ ਪਹੁੰਚਾਏ ਜਾਣ ਦਾ ਦ੍ਰਿਸ਼।